SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 125 | Wednesday, 10 July 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਨਾਰਥ ਯਾਰਕ ਵਿੱਚ ਚੱਲੀ ਗੋਲੀ, ਇੱਕ ਵਿਅਕਤੀ ਗੰਭੀਰ, 2 ਗ੍ਰਿਫ਼ਤਾਰ

ਟੋਰਾਂਟੋ, 9 ਜੁਲਾਈ (ਪੋਸਟ ਬਿਊਰੋ): ਮੰਗਲਵਾਰ ਦੁਪਹਿਰ ਨਾਰਥ ਯਾਰਕ ਵਿੱਚ ਗੋਲੀਚੱਲ ਗਈ। ਇਸ ਦੌਰਾਨ ਇੱਕ ਵਿਅਕਤੀ ਜ਼ਖਮੀ ਹੋ ਗਿਆ ਤੇ ਉਸਦੀ ਹਾਲਤ ਗੰਭੀਰ ਹੈ। ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਦੁਪਹਿਰ 3:30 ਵਜੇ ਦੇ ਲਗਭਗ ਇੱਕ ਸੂਚਨਾ ਮਿਲੀ ਕਿ ਕੀਲ ਸਟਰੀਟ ਦੇ ਪੂਰਵ ਵਿੱਚ ਡਾਊਂਸਵਿਊ ਪਾਰਕ ਬੁਲੇਵਾਰਡ ਅਤੇ ਸਟੇਨਲੀ ਗਰੀਨ ਬੁਲੇਵਾਰਡ ਕੋਲ ਇੱਕ ਵਿਅਕਤੀ ਨੂੰ ਗੋਲੀ ਲੱਗੀ ਹੈ।

ਪੁਲਿਸ ਦਾ ਕਹਿਣਾ ਹੈ ਕਿ ਜਦੋਂ ਅਧਿਕਾਰੀ ਪਹੁੰਚੇ ਤਾਂ ਉਨ੍ਹਾਂ ਨੂੰ ਇੱਕ ਅਪਾਰਟਮੈਂਟ ਯੂਨਿਟ ਅੰਦਰ ਇੱਕ ਵਿਅਕਤੀ ਨੂੰ ਗੋਲੀ ਲੱਗੀ ਹੋਈ ਸੀ ਤੇ



ਗੰਭੀਰ ਜ਼ਖਮੀ ਮਿਲਿਆ। ਉਸਨੂੰ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਦੋ ਲੋਕਾਂ ਨੂੰ ਗਿਫ਼ਤਾਰ ਕੀਤਾ ਗਿਆ ਹੈ ਅਤੇ ਦੋ ਹੋਰ ਸ਼ੱਕੀ ਵਿਅਕਤੀਆਂ ਦੀ ਭਾਲ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇੱਕ ਵਿਅਕਤੀ ਨੇ ਕਾਲੇ ਅਤੇ ਲਾਲ ਰੰਗ ਦੇ ਜੁੱਤੇ ਪਾਏ ਹੋਏ ਸਨ, ਜਦੋਂ ਕਿ ਦੂਜੇ ਨੇ ਲਾਲ ਰੰਗ ਦੀ ਹੁਡੀ ਅਤੇ ਗਰੇ ਰੰਗ ਦੇ ਜੁੱਤੇ ਪਹਿਨੇ ਹੋਏ ਸਨ।

## ਟ੍ਰੈਕ ਸਟਾਰ ਨੂੰ ਦੇਸ਼ ਨਿਕਾਲੇ ਤੋਂ ਇੱਕ ਸਾਲ ਦੀ ਮਿਲੀ ਛੋਟ

### ਕਾਂਸੀ ਤਮਗਾ ਜੇਤੂ ਅਤੇ ਪਰਿਵਾਰ ਨੂੰ ਜਮਾਇਕਾ ਵਿੱਚ ਰਾਜਨੀਤਕ ਜ਼ੁਲਮ ਤੇ ਹਿੰਸਾ ਦਾ ਡਰ

ਟੋਰਾਂਟੋ, 9 ਜੁਲਾਈ (ਪੋਸਟ ਬਿਊਰੋ): ਟੋਰਾਂਟੋ ਦੇ ਇੱਕ ਅਥਲੀਟ ਅਤੇ ਉਸਦੇ ਪਰਿਵਾਰ ਨੂੰ ਇੱਕ ਜਨਤਕ ਰੋਸ ਅਤੇ ਡਰ ਤੋਂ ਬਾਅਦ ਜਮਾਇਕਾ ਵਿੱਚ ਦੇਸ਼ ਨਿਕਾਲੇ ਤੋਂ ਇੱਕ ਸਾਲ ਦੀ ਛੋਟ ਦਿੱਤੀ ਗਈ ਹੈ ਅਤੇ ਉਨ੍ਹਾਂ ਨੂੰ ਰਾਜਨੀਤਕ ਜ਼ੁਲਮ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਐਡਵੋਕੇਸੀ ਗਰੁੱਪ ਮਾਈਗ੍ਰੈਂਟ ਵਰਕਰਜ਼ ਅਲਾਇੰਸ ਫਾਰ ਚੇਂਜ ਨੇ ਮੰਗਲਵਾਰ ਨੂੰ ਐਲਾਨ ਕੀਤਾ।

ਟੈਮਰੀ ਲਿੰਡੋ ਅਤੇ ਉਸਦਾ ਪਰਿਵਾਰ ਟੋਰਾਂਟੋ ਆਏ ਜਦੋਂ ਉਹ 15 ਸਾਲ ਦਾ ਸੀ। ਉਹ ਹੁਣ 20 ਸਾਲ ਦਾ ਹੈ ਅਤੇ ਹਾਲ ਹੀ ਵਿੱਚ 110 ਮੀਟਰ ਅੜਿੱਕਾ ਦੌੜ ਵਿੱਚ ਨੈਸ਼ਨਲ ਕਾਂਸੀ ਦਾ ਤਗਮਾ ਜਿੱਤਿਆ ਹੈ।



ਲਿੰਡੋ ਨੇ ਯਾਰਕ ਯੂਨੀਵਰਸਿਟੀ ਵਿੱਚ ਦਾਖਲ ਹੋਣ ਤੋਂ ਪਹਿਲਾਂ ਟੋਰਾਂਟੋ ਵਿੱਚ ਹਾਈ ਸਕੂਲ ਦੀ ਪੜ੍ਹਾਈ ਪੂਰੀ ਕੀਤੀ।


ਐਡਵੋਕੇਸੀ ਗਰੁੱਪ ਨੇ ਮੰਗਲਵਾਰ ਦੱਸਿਆ ਕਿ ਲਿੰਡੋ ਪਰਿਵਾਰ ਨੂੰ ਇੰਮੀਗ੍ਰੇਸ਼ਨ, ਰਿਫਊਜੀਜ਼ ਅਤੇ ਸਿਟੀਜ਼ਨਸ਼ਿਪ ਕੈਨੇਡਾ (ਆਈਆਰਸੀਸੀ) ਤੋਂ ਅਸਥਾਈ ਨਿਵਾਸੀ ਪਰਮਿਟ ਪ੍ਰਾਪਤ ਹੋਇਆ ਹੈ। ਤਾਮਾਰੀ ਦੇ ਪਿਤਾ ਜਾਰਜ ਲਿੰਡੋ ਨੇ ਕਿਹਾ ਕਿ ਉਹ ਰਾਹਤ ਮਹਿਸੂਸ ਕਰ ਰਹੇ ਹਨ। ਬਹੁਤ ਮੁਸੀਬਤਾਂ ਅਤੇ ਤਣਾਅ ਦੇ ਬਾਅਦ, ਅੰਤ ਵਿੱਚ ਤੋਂ ਇੱਕ ਅਸਥਾਈ ਨਿਵਾਸੀ ਪਰਮਿਟ ਪ੍ਰਾਪਤ ਕਰਨਾ, ਜਿਸ ਨਾਲ ਮੇਰੇ ਪਰਿਵਾਰ ਅਤੇ ਮੈਨੂੰ ਇੱਕ ਸਾਲ ਲਈ ਕੈਨੇਡਾ ਵਿੱਚ ਰਹਿਣ ਦੀ ਇਜਾਜ਼ਤ ਮਿਲੀ ਹੈ ਉਸ ਨੂੰ ਖੁਸ਼ੀ ਹੋਈ ਹੈ। ਉਨ੍ਹਾਂ ਨੇ ਕਿਹਾ ਕਿ ਮੈਂ ਸਰਕਾਰ ਨੂੰ ਆਪਣਾ ਵਾਅਦਾ ਨਿਭਾਉਣ ਅਤੇ ਸਾਰੇ ਗੈਰ-ਦਸਤਾਵੇਜ਼ ਲੋਕਾਂ ਨੂੰ ਰੈਗੂਲਰ ਕਰਨ ਦੀ ਅਪੀਲ ਕਰਦਾ ਹਾਂ।

## ਟੋਰਾਂਟੋ ਦੇ ਵਿਅਕਤੀ 'ਤੇ ਜੀਟੀਏ ਵਿਚ ਜ਼ਬਰਨ ਵਸੂਲੀ ਦੀ ਜਾਂਚ ਦੇ ਚਲਦੇ ਲੱਗੇ ਚਾਰਜਿਜ਼

ਟੋਰਾਂਟੋ, 9 ਜੁਲਾਈ (ਪੋਸਟ ਬਿਊਰੋ): ਗਰੇਟਰ ਟੋਰਾਂਟੋ ਏਰੀਏ ਵਿੱਚ ਚੱਲ ਰਹੀ ਜ਼ਬਰਨ ਵਸੂਲੀ ਦੀ ਜਾਂਚ ਦੇ ਸਿਲਸਿਲੇ ਵਿੱਚ 30 ਸਾਲਾ ਵਿਅਕਤੀ 'ਤੇ 17 ਚਾਰਜਿਜ਼ ਲਗਾਏ ਗਏ ਹਨ।

ਪੀਲ ਰੀਜਨਲ ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਦਸੰਬਰ 2023 ਤੋਂ ਜੀਟੀਏ ਵਿੱਚ ਹੋਈਆਂ ਕਈ ਸਬੰਧਤ ਘਟਨਾਵਾਂ ਦੀ ਜਾਂਚ ਕੀਤੀ ਹੈ, ਜਿਸ ਵਿੱਚ ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ, ਧਮਕੀ ਦੇਣਾ ਅਤੇ ਫਾਇਰਆਰਮਜ਼ ਘਟਨਾਵਾਂ ਨਾਲ ਸਬੰਧਤ ਚਾਰਜਿਜ਼ ਸ਼ਾਮਿਲ ਹਨ।

29 ਮਈ ਨੂੰ ਪੀਆਰਪੀ ਦੇ 25 ਮੈਂਬਰੀ ਜ਼ਬਰਨ ਵਸੂਲੀ ਜਾਂਚ ਕਾਰਜ ਬਲ (EITF) ਨੇ ਟੋਰਾਂਟੋ ਵਿੱਚ ਇੱਕ ਘਰ 'ਤੇ ਤਲਾਸ਼ੀ ਵਾਰੰਟ ਜਾਰੀ ਕੀਤਾ ਅਤੇ ਜਸਕਰਨ ਸਿੰਘ ਨੂੰ ਗ੍ਰਿਫ਼ਤਾਰ ਕੀਤਾ।



ਉਸ 'ਤੇ ਫਾਇਰਆਰਮਜ਼ ਦਾ ਲਾਪਰਵਾਹੀ ਨਾਲ ਰੱਖਣਾ, ਫਾਇਰਆਰਮਜ਼ ਦੇ ਗੈਰ ਕਾਨੂੰਨੀ ਕਬਜ਼ਾ, ਫਾਇਰਆਰਮਜ ਦੇ ਗੈਰ-ਕਨੂੰਨੀ ਕਬਜ਼ੇ ਬਾਰੇ ਜਾਣਕਾਰੀ, ਬਿਨ੍ਹਾਂ ਲਾਈਸੈਂਸ ਦੇ ਲੋਡੇਡ ਪਾਬੰਦੀਸ਼ੁਦਾ ਫਾਇਰਆਰਮਜ਼ ਰੱਖਣ ਅਤੇ 5,000 ਡਾਲਰ ਤੋਂ ਜ਼ਿਆਦਾ ਦੀ ਚੋਰੀ ਕਰਨ ਦੇ ਮਾਮਲੇ ਦਰਜ ਕੀਤੇ ਗਏ ਹਨ। ਮੁਲਜ਼ਮ 'ਤੇ ਜ਼ਬਰਨ ਵਸੂਲੀ ਦੇ ਵੀ ਚਾਰਜਿਜ਼ ਲਾਏ ਗਏ ਹਨ। ਜਸਕਰਨ ਸਿੰਘ ਨੂੰ ਜ਼ਮਾਨਤ ਦੀ ਸੁਣਵਾਈ ਲਈ ਬਰੈਂਪਟਨ ਦੀ ਅਦਾਲਤ ਵਿੱਚ ਪੇਸ਼ ਹੋਇਆ ਕੀਤਾ ਗਿਆ। ਉਸਤੋਂ ਬਾਅਦ ਉਸਨੂੰ ਫਿਲਹਾਲ ਸ਼ਰਤਾਂ 'ਤੇ ਜ਼ਮਾਨਤ ਮਿਲ ਗਈ ਹੈ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
*Providing excellent quality legal services to our clients*

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਕਰਜ਼ੇ ਦੀ ਸਿਰਦਰਦੀ ?
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਰਾਮਦੇਵ ਫਿਰ ਉੱਤਰ ਗਿਆ ਹੋਰ ਹੇਠਾਂ,
ਨੀਂਵੀਂ ਮੂਹਰੇ ਅਦਾਲਤ ਦੇ ਪਾਈ ਭਾਈ।
ਚੌਦਾਂ ਕਿਸਮਾਂ ਦੀ ਲਿਸਟ ਆ ਪੇਸ਼ ਕੀਤੀ,
ਏਦਾਂ ਦੀ ਵੇਚੂੰ ਨਹੀਂ ਕਦੇ ਦਵਾਈ ਭਾਈ।
ਹਰ ਇੱਕ ਗੱਲੋਂ ਹੀ ਖਿੱਚਿਆ ਪੈਰ ਪਿੱਛੇ,
ਕੋਰਟ ਵਿੱਚ ਜਦ ਹੋਈ ਸੁਣਵਾਈ ਭਾਈ।
ਪਾਇਆ ਜਿੰਨਾ ਧਮੱਚੜ ਉਹ ਜੜ੍ਹੀਂ ਬੈਠਾ,
ਤਾਹੀਉਂ ਅੱਜ ਵਾਲੀ ਨੌਬਤ ਆਈ ਭਾਈ।
ਜਿਸ ਸਰਕਾਰ ਤੋਂ ਬਹੁਤੀ ਸੀ ਆਸ ਉਹਨੂੰ,
ਜਦੋਂ ਆਈ ਉਹ ਮਦਦ ਨਹੀਂ ਕਰਨ ਭਾਈ।
ਸਾਰੇ ਪਾਸਿਉਂ ਬੁਰੀ ਤਰ੍ਹਾਂ ਘਿਰ ਗਿਆ ਤਾਂ,
ਲੱਗਿਆ ਓਦੋਂ ਫਿਰ ਸਾਧ ਸੀ ਡਰਨ ਭਾਈ।

**ਤੀਸ ਮਾਰ ਖਾਂ**

# ਰੂਸ ਦਾ ਯੁਕਰੇਨ ਦੇ ਬੱਚਿਆਂ ਦੇ ਹਸਪਤਾਲ ’ਤੇ ਹਵਾਈ ਹਮਲਾ, 41 ਮੌਤਾਂ, 170 ਤੋਂ ਵੱਧ ਜ਼ਖਮੀ




ਕੀਵ, 9 ਜੁਲਾਈ (ਪੋਸਟ ਬਿਊਰੋ): ਰੂਸ ਨੇ ਯੂਕਰੇਨ ਵਿਚ ਬੱਚਿਆਂ ਦੇ ਹਸਪਤਾਲ 'ਤੇ ਹਵਾਈ ਹਮਲਾ ਕੀਤਾ। ਜਿਸ ਵਿਚ 41 ਲੋਕਾਂ ਦੀ ਮੌਤ ਹੋ ਗਈ ਅਤੇ 170 ਤੋਂ ਵੱਧ ਲੋਕ ਜ਼ਖਮੀ ਹੋ ਗਏ। ਜਾਣਕਾਰੀ ਮੁਤਾਬਕ ਇਹ ਹਮਲਾ ਸੋਮਵਾਰ ਨੂੰ ਕੀਵ ਵਿੱਚ ਹੋਇਆ। ਇਸ ਤੋਂ ਬਾਅਦ 600 ਤੋਂ ਵੱਧ ਮਰੀਜ਼ਾਂ ਨੂੰ ਹਸਪਤਾਲ ਤੋਂ ਦੂਜੀ ਥਾਂ 'ਤੇ ਸ਼ਿਫਟ ਕੀਤਾ ਗਿਆ।

ਹਮਲੇ ਤੋਂ ਥੋੜ੍ਹੀ ਦੇਰ ਬਾਅਦ ਹਸਪਤਾਲ ਦੀ ਇਮਾਰਤ ਢਹਿ ਗਈ। ਪੁਲਸ ਨੇ ਦੱਸਿਆ ਕਿ 3 ਬੱਚਿਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਬਾਕੀ ਜ਼ਖਮੀਆਂ ਦਾ ਇਲਾਜ ਕੀਤਾ ਜਾ ਰਿਹਾ ਹੈ। ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੇ ਕਿਹਾ ਕਿ ਹਮਲਾ ਅਜਿਹੇ ਸਮੇਂ ਕੀਤਾ ਗਿਆ ਜਦੋਂ ਹਸਪਤਾਲ 'ਚ ਭੀੜ-ਭੜੱਕਾ ਸੀ।

ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਨੇ ਮੰਗਲਵਾਰ ਨੂੰ ਇਸ ਘਟਨਾ 'ਤੇ ਵਿਸ਼ੇਸ਼ ਬੈਠਕ ਬੁਲਾਈ ਹੈ। ਇਸ ਤੋਂ ਪਹਿਲਾਂ ਜ਼ੇਲੇਂਸਕੀ ਨੇ ਫੌਜੀ ਅਧਿਕਾਰੀਆਂ ਨਾਲ ਐਮਰਜੈਂਸੀ ਮੀਟਿੰਗ ਵੀ ਬੁਲਾਈ ਸੀ।

ਬਚਾਅ ਟੀਮਾਂ ਅਤੇ ਸਥਾਨਕ ਲੋਕ ਮਲਬੇ ਨੂੰ ਹਟਾ ਕੇ ਲੋਕਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਲੋਕਾਂ ਮੁਤਾਬਕ ਹਾਲੇ ਵੀ ਕਈ ਲੋਕ ਮਲਬੇ ਹੇਠਾਂ ਦੱਬੇ ਹੋਏ ਹਨ। ਹਮਲਾ ਇਨਾ ਵੱਡਾ ਸੀ ਕਿ ਆਸ-ਪਾਸ ਦੀਆਂ 100 ਤੋਂ ਵੱਧ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ।

# ਲੱਦਾਖ ਨੇੜੇ ਚੀਨੀ ਫੌਜ ਨੇ ਇਕੱਠੇ ਕੀਤੇ ਹਥਿਆਰ, ਸੈਟੇਲਾਈਟ ਤਸਵੀਰਾਂ ਵਿਚ ਹੋਇਆ ਖੁਲਾਸਾ




ਨਵੀਂ ਦਿੱਲੀ, 9 ਜੁਲਾਈ (ਪੋਸਟ ਬਿਊਰੋ): ਚੀਨੀ ਫੌਜ ਪੂਰਬੀ ਲੱਦਾਖ 'ਚ ਪੈਂਗੋਂਗ ਝੀਲ ਦੀ ਸਰਹੱਦ ਨੇੜੇ ਵੱਡੇ ਪੱਧਰ 'ਤੇ ਹਥਿਆਰ ਇਕੱਠੇ ਕਰ ਰਹੀ ਹੈ। ਅਮਰੀਕੀ ਕੰਪਨੀ ਬਲੈਕਸਕਾਈ ਨੇ ਆਪਣੀ ਸੈਟੇਲਾਈਟ ਤਸਵੀਰ ਜਾਰੀ ਕੀਤੀ ਹੈ। ਬਲੈਕਸਕਾਈ ਦਾ ਦਾਅਵਾ ਹੈ ਕਿ ਇਨ੍ਹਾਂ ਤਸਵੀਰਾਂ 'ਚ ਚੀਨੀ ਫੌਜੀਆਂ ਦੇ ਬੰਕਰ ਦਿਖਾਈ ਦੇ ਰਹੇ ਹਨ। ਇਹ ਹਥਿਆਰਾਂ ਅਤੇ ਈਧਨ ਨੂੰ ਸਟੋਰ ਕਰਨ ਲਈ ਤਿਆਰ ਕੀਤੇ ਗਏ ਹਨ।

ਇਹ ਬੰਕਰ 2021-22 ਦੌਰਾਨ ਬਣਾਏ ਗਏ ਹਨ। ਇਨ੍ਹਾਂ ਵਿੱਚ ਈਧਣ ਅਤੇ ਹਥਿਆਰ ਲੁਕਾਏ ਗਏ ਹਨ। ਇਸ ਥਾਂ 'ਤੇ ਬਖਤਰਬੰਦ ਵਾਹਨ ਵੀ ਦੇਖੇ ਗਏ ਹਨ।

ਹਿੰਦੁਸਤਾਨ ਟਾਈਮਜ਼ ਦੀ ਰਿਪੋਰਟ ਮੁਤਾਬਕ ਚੀਨੀ ਫੌਜੀਆਂ ਦਾ ਪੈਂਗੋਂਗ ਝੀਲ ਦੇ ਨੇੜੇ ਸਿਰਜਾਪ 'ਚ ਅੱਡਾ ਹੈ। ਇੱਥੇ ਚੀਨੀ ਫੌਜੀਆਂ ਦਾ ਹੈੱਡਕੁਆਰਟਰ ਵੀ ਹੈ। ਭਾਰਤ ਇਸ ਜਗ੍ਹਾ ਨੂੰ ਆਪਣਾ ਹੋਣ ਦਾ ਦਾਅਵਾ ਕਰਦਾ ਰਿਹਾ ਹੈ। ਇਹ ਸਥਾਨ ਐੱਲਏਸੀ ਤੋਂ ਸਿਰਫ਼ 5 ਕਿਲੋਮੀਟਰ ਦੂਰ ਹੈ।

# ਚੁਣੌਤੀ ਦਾ ਸਾਹਮਣਾ ਕਰਨਾ ਮੇਰੇ ਡੀਐੱਨਏ ’ਚ ਹੈ : ਪ੍ਰਧਾਨ ਮੰਤਰੀ ਮੋਦੀ

## ਕਿਹਾ- ਸਾਡੇ ਲਈ ਰੂਸ ਦਾ ਮਤਲਬ ਭਾਰਤ ਦੇ ਸੁੱਖ-ਦੁੱਖ ਦਾ ਸਾਥੀ



ਮਾਸਕੋ, 9 ਜੁਲਾਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਰੂਸ ਦੌਰੇ ਦੇ ਦੂਜੇ ਦਿਨ ਮਾਸਕੋ ਵਿੱਚ ਭਾਰਤੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ- ਚੁਣੌਤੀ ਨੂੰ ਚੁਣੌਤੀ ਦੇਣਾ ਮੇਰੇ ਡੀਐੱਨਏ ਵਿੱਚ ਹੈ। ਅੱਜ ਦੁਨੀਆਂ ਭਾਰਤ ਦੇ ਵਿਕਾਸ ਨੂੰ ਦੇਖ ਕੇ ਹੈਰਾਨ ਹੈ। ਸਾਡੇ ਕੋਲ ਦੁਨੀਆਂ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਸਿਸਟਮ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਰੂਸ ਦਾ ਅਨੋਖਾ ਰਿਸ਼ਤਾ ਹੈ। ਭਾਰਤੀਆਂ ਦੇ ਰੂਸ ਦਾ ਨਾਂ ਸੁਣਦੇ ਹੀ ਉਨ੍ਹਾਂ ਦੇ ਦਿਮਾਗ 'ਚ ਇਹ ਗੱਲ ਆਉਂਦੀ ਹੈ, ਸਾਡੇ ਸੁੱਖ-ਦੁੱਖ ਦਾ ਸਾਥੀ।

ਉਨ੍ਹਾਂ ਕਿਹਾ ਕਿ ਮੈਂ ਆਪਣੇ ਨਾਲ ਭਾਰਤ ਦੀ ਮਿੱਟੀ ਦੀ ਖੁਸ਼ਬੂ ਲੈ ਕੇ ਆਇਆ ਹਾਂ। ਮੈਂ ਤੁਹਾਡੇ ਲਈ 140 ਕਰੋੜ ਦੇਸ਼ਵਾਸੀਆਂ ਦਾ ਪਿਆਰ ਅਤੇ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਲੈ ਕੇ ਆਇਆ ਹਾਂ।

ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਮੇਰੀ ਪਹਿਲੀ ਵਾਰਤਾ ਮਾਸਕੋ ਵਿੱਚ ਹੋ ਰਹੀ ਹੈ। ਅੱਜ ਮੈਨੂੰ ਸਹੁੰ ਚੁੱਕੀ ਨੂੰ ਪੂਰਾ ਮਹੀਨਾ ਹੋ ਗਿਆ ਹੈ। ਮੈਂ ਵਾਅਦਾ ਕੀਤਾ ਸੀ ਕਿ ਮੈਂ ਤੀਜੇ ਕਾਰਜਕਾਲ ਵਿੱਚ ਤਿੰਨ ਗੁਣਾ ਗਤੀ ਨਾਲ ਕੰਮ ਕਰਾਂਗਾ।

# ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਵੇਂ ਚੀਫ਼ ਜਸਟਿਸ ਨੇ ਚੁੱਕੀ ਸਹੁੰ



ਚੰਡੀਗੜ੍ਹ, 9 ਜੁਲਾਈ (ਪੋਸਟ ਬਿਊਰੋ): ਜਸਟਿਸ ਸ਼ੀਲ ਨਾਗੂ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਨਵੇਂ ਚੀਫ਼ ਜਸਟਿਸ ਬਣੇ ਹਨ। ਉਨ੍ਹਾਂ ਨੇ ਮੰਗਲਵਾਰ ਨੂੰ ਚੰਡੀਗੜ੍ਹ 'ਚ ਸਹੁੰ ਚੁੱਕੀ। ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਉਨ੍ਹਾਂ ਨੂੰ ਸਹੁੰ ਚੁਕਾਈ। ਇਸ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮੌਜੂਦ ਸਨ।

ਹਾਈਕੋਰਟ ਵਿੱਚ ਪਿਛਲੇ 9 ਮਹੀਨਿਆਂ ਤੋਂ ਚੀਫ਼ ਜਸਟਿਸ ਦੀ ਤਾਇਨਾਤੀ ਨਹੀਂ ਸੀ। 13 ਅਕਤੂਬਰ, 2023 ਨੂੰ ਜਸਟਿਸ ਰਵੀ ਸ਼ੰਕਰ ਝਾਅ ਦੇ ਸੇਵਾਮੁਕਤ ਹੋਣ ਤੋਂ ਬਾਅਦ, ਪਹਿਲਾਂ ਜਸਟਿਸ ਰਿਤੂ ਬਾਹਰੀ ਅਤੇ ਫਿਰ ਜਸਟਿਸ ਜੀਐੱਸ ਸੰਧਾਵਾਲੀਆ ਨੂੰ ਕਾਰਜਕਾਰੀ ਚੀਫ਼ ਜਸਟਿਸ ਨਿਯੁਕਤ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਜਸਟਿਸ ਸ਼ੀਲ ਨਾਗੂ ਮੱਧ ਪ੍ਰਦੇਸ਼ ਹਾਈਕੋਰਟ ਵਿੱਚ ਤਾਇਨਾਤ ਸਨ।

# ਬਾਗੀ ਧੜੇ ਨੇ ਮਿਆਂਮਾਰ ’ਚ ਹਵਾਈ ਅੱਡੇ ’ਤੇ ਕੀਤਾ ਕਬਜ਼ਾ



ਨਾਇਪੀਡਾਵ, 9 ਜੁਲਾਈ (ਪੋਸਟ ਬਿਊਰੋ): ਮਿਆਂਮਾਰ ਵਿੱਚ ਘੱਟ ਗਿਣਤੀ ਕਬਾਇਲੀ ਬਾਗੀ ਸਮੂਹ ਅਰਾਕਾਨ ਨੇ ਫੌਜੀ ਸ਼ਾਸਨ ਖਿਲਾਫ ਚੱਲ ਰਹੀ ਲੜਾਈ ਵਿੱਚ ਇੱਕ ਹਵਾਈ ਅੱਡੇ ਉੱਤੇ ਕਬਜ਼ਾ ਕਰ ਲਿਆ ਹੈ।

ਥਾਂਡਵੇ ਨਾਮ ਦਾ ਇਹ ਹਵਾਈ ਅੱਡਾ ਮਿਆਂਮਾਰ ਦੇ ਪੱਛਮੀ ਸੂਬੇ ਰਖਾਈਨ ਦੇ ਦੱਖਣੀ ਹਿੱਸੇ ਵਿੱਚ ਸਥਿਤ ਹੈ। ਇਸ ਨੂੰ ਮਾ ਜਿਨ ਹਵਾਈ ਅੱਡੇ ਵਜੋਂ ਵੀ ਜਾਣਿਆ ਜਾਂਦਾ ਹੈ। ਦੇਸ਼ ਦੇ ਸਭ ਤੋਂ ਵੱਡੇ ਸ਼ਹਿਰ ਯੰਗੂਨ ਤੋਂ ਇਸਦੀ ਦੂਰੀ 260 ਕਿਲੋਮੀਟਰ ਹੈ।

ਰਖਾਈਨ ਸੂਬੇ ਦੇ ਨਿਵਾਸੀਆਂ ਅਤੇ ਸਥਾਨਕ ਮੀਡੀਆ ਨੇ ਵੀ ਹਵਾਈ ਅੱਡੇ 'ਤੇ ਕਬਜ਼ਾ ਕਰਨ ਦੀ ਪੁਸ਼ਟੀ ਕੀਤੀ ਹੈ। ਫਿਲਹਾਲ ਇਸ ਏਅਰਪੋਰਟ 'ਤੇ ਅਰਾਕਾਨ ਗਰੁੱਪ ਵੱਲੋਂ ਕਬਜ਼ਾ ਕਰਨ ਤੋਂ ਬਾਅਦ ਹਰ ਤਰ੍ਹਾਂ ਦੀਆਂ ਗਤੀਵਿਧੀਆਂ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ।

ਮਿਆਂਮਾਰ ਵਿੱਚ ਫੌਜੀ ਸ਼ਾਸਨ ਲਾਗੂ ਹੋਣ ਤੋਂ ਬਾਅਦ ਥਾਂਡਵੇ ਹਵਾਈ ਅੱਡਾ ਬਾਗੀ ਸਮੂਹ ਦੁਆਰਾ ਕਬਜ਼ਾ ਕੀਤਾ ਜਾਣ ਵਾਲਾ ਪਹਿਲਾ ਸਥਾਨ ਹੈ। ਇਹ ਹਵਾਈ ਅੱਡਾ ਦੇਸ਼ ਦੇ ਸਭ ਤੋਂ ਮਹੱਤਵਪੂਰਨ ਸਮੁੰਦਰੀ ਰਿਜ਼ੋਰਟਾਂ ਦੀ ਸੇਵਾ ਦਿੰਦਾ ਹੈ।

ਹਵਾਈ ਅੱਡੇ 'ਤੇ ਕਬਜ਼ਾ ਕਰਨ ਨਾਲ ਅਰਾਕਾਨ ਆਰਮੀ ਲਈ ਰਖਾਈਨ ਸੂਬੇ ਦੇ ਤੱਟੀ ਇਲਾਕਿਆਂ 'ਤੇ ਕਬਜ਼ਾ ਕਰਨ ਦਾ ਰਾਹ ਖੁੱਲ੍ਹ ਗਿਆ ਹੈ। ਅਰਾਕਾਨ ਆਰਮੀ ਦਾ ਪਹਿਲਾਂ ਹੀ ਖੇਤਰ ਦੇ ਉੱਤਰੀ ਹਿੱਸੇ 'ਤੇ ਕੰਟਰੋਲ ਹੈ।

TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca

GroVerCPA Professional Corporation

214-7895 Tranmere Drive, Mississauga ON L5S 1V9



# ਮੁੱਖ ਮੰਤਰੀ ਨੇ ਸੁਭਕਰਨ ਦੇ ਪਰਿਵਾਰ ਨੂੰ 1 ਕਰੋੜ ਦਾ ਚੈੱਕ ਸੌਂਪਿਆ, ਭੈਣ ਨੂੰ ਮਿਲੀ ਨੌਕਰੀ


ਚੰਡੀਗੜ੍ਹ, 9 ਜੁਲਾਈ (ਪੋਸਟ ਬਿਊਰੋ): ਚੰਡੀਗੜ੍ਹ 'ਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨ ਆਗੂਆਂ ਨਾਲ ਮੀਟਿੰਗ ਕੀਤੀ ਹੈ। ਮੀਟਿੰਗ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਸੰਘਰਸ਼ ਵਿੱਚ ਜਾਨ ਗਵਾਉਣ ਵਾਲੇ ਸ਼ੁਭਕਰਨ ਦੇ ਪਰਿਵਾਰ ਨੂੰ 1 ਕਰੋੜ ਰੁਪਏ ਦਾ ਚੈੱਕ ਸੌਂਪਿਆ।



ਸ਼ੁਭਕਰਨ ਦੀ ਭੈਣ ਨੂੰ ਸਰਕਾਰੀ ਨੌਕਰੀ ਲਈ ਨਿਯੁਕਤੀ ਪੱਤਰ ਦਿੱਤਾ ਗਿਆ ਹੈ। ਇਸ ਤੋਂ ਬਾਅਦ ਕਿਸਾਨਾਂ ਨੇ 12 ਜੁਲਾਈ ਨੂੰ ਬਠਿੰਡਾ ਵਿਖੇ ਹੋਣ ਵਾਲਾ ਧਰਨਾ ਰੱਦ ਕਰ ਦਿੱਤਾ ਹੈ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com





ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com





SherGill Law Firm
Barrister, Solicitor & Notary Public
Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



# ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਅਮੁਪੁਰ ਪਿੰਡ ਦੇ ਉਜਾੜੇ ਸਿੱਖ ਪਰਿਵਾਰਾਂ ਤੱਕ ਪਹੁੰਚੀ ਸ਼੍ਰੋਮਣੀ ਕਮੇਟੀ

## ਭਾਜਪਾ ਦੀ ਸਿੱਖ ਵਿਰੋਧੀ ਨੀਤੀ ਸਿੱਖ ਪਰਿਵਾਰਾਂ ਦੇ ਉਜਾੜੇ ਨਾਲ ਇੱਕ ਵਾਰ ਫਿਰ ਹੋਈ ਉਜਾਗਰ : ਜਥੇਦਾਰ ਮਸਾਣਾ ਤੇ ਭਾਈ ਗਰੇਵਾਲ



ਕਰਨਾਲ, 9 ਜੁਲਾਈ (ਗਿਆਨ ਸਿੰਘ): ਹਰਿਆਣਾ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਵੱਲੋਂ ਕਰਨਾਲ ਜ਼ਿਲ੍ਹੇ ਦੇ ਅਮੁਪੁਰ ਪਿੰਡ ਵਿਖੇ ਦੇਸ਼ ਵੰਡ ਸਮੇਂ ਲਹਿੰਦੇ ਪੰਜਾਬ ਤੋਂ ਉੱਜੜ ਕੇ ਹਰਿਆਣਾ ਵਿੱਚ ਵੱਸੇ ਚਾਰ ਸਿੱਖ ਪਰਿਵਾਰਾਂ ਦੇ ਘਰ ਢਾਹੁਣ ਦੀ ਕਾਰਵਾਈ ਦਾ ਨੋਟਿਸ ਲੈਂਦਿਆਂ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਵਫ਼ਦ ਨੇ ਇੱਥੇ ਪੁੱਜ ਕੇ ਪੀੜ੍ਹਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਅਤੇ ਨਾਲ ਖੜ੍ਹਣ ਦੀ ਵਚਨਬੱਧਤਾ ਪ੍ਰਗਟਾਈ।

ਮਾਮਲੇ ਦੀ ਸੰਜੀਦਗੀ ਨੂੰ ਵੇਖਦਿਆਂ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇੱਕ ਕਮੇਟੀ ਗਠਤ ਕੀਤੀ ਸੀ, ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖ਼ਾਲਸਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਤੇਜਿੰਦਰਪਾਲ ਸਿੰਘ ਲਾਡਵਾਂ ਸ਼ਾਮਿਲ ਹਨ।

ਸ਼੍ਰੋਮਣੀ ਕਮੇਟੀ ਦੇ ਇਸ ਵਫ਼ਦ ਨੇ ਅੱਜ ਪੀੜ੍ਹਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਜ਼ਮੀਨੀ ਪੱਧਰ ਦੀ ਸਾਰੀ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਵਫ਼ਦ ਨੇ ਪੀੜ੍ਹਤ ਪਰਿਵਾਰਾਂ ਨੂੰ ਭਰੋਸਾ ਦਿੱਤਾ ਕਿ ਸਿੱਖ ਸੰਸਥਾ ਉਨ੍ਹਾਂ ਦੇ ਨਾਲ ਹੈ ਅਤੇ ਸਰਕਾਰੀ ਧੱਕੇਸ਼ਾਹੀ ਤੇ ਜਬਰ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਨੇ ਪੀੜਤ ਚਾਰ ਸਿੱਖ ਪਰਿਵਾਰਾਂ ਨੂੰ ਮੁੱਢਲੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਦੇ ਰਾਜ ਅੰਦਰ ਇਸ ਅਣਮਨੁੱਖੀ ਕਾਰਵਾਈ ਦੀ ਕਰੜੀ ਨਿੰਦਾ ਕਰਦਿਆਂ ਸਰਕਾਰ ਨੂੰ ਇਨ੍ਹਾਂ ਪਰਿਵਾਰਾਂ ਨਾਲ ਇਨਸਾਫ਼ ਕਰਨ ਲਈ ਆਖਿਆ।

ਇਸ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਵਫ਼ਦ ਦੀ ਅਗਵਾਈ ਕਰ ਰਹੇ ਹਰਭਜਨ ਸਿੰਘ ਮਸਾਣਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਦੇ ਆਦੇਸ਼ ਅਨੁਸਾਰ ਚਾਰੇ ਸਿੱਖ ਪਰਿਵਾਰਾਂ ਨੂੰ ਮੁੱਢਲੇ ਤੌਰ 'ਤੇ ਇੱਕ-ਇੱਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਇਨ੍ਹਾਂ ਸਿੱਖ ਪਰਿਵਾਰਾਂ ਨਾਲ ਹਰ ਪੱਧਰ ਉੱਤੇ ਸਹਿਯੋਗ ਕਰੇਗੀ ਅਤੇ ਅਗਾਂਹ ਵੀ ਇਨ੍ਹਾਂ ਨੂੰ ਲੋੜ ਅਨੁਸਾਰ ਹਰ ਤਰ੍ਹਾਂ ਦੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਭਾਜਪਾ ਸਰਕਾਰ ਦੇ ਰਾਜ ਅੰਦਰ ਸਿੱਖਾਂ ਵਿਰੁੱਧ ਕੀਤੇ ਗਏ ਇਸ ਧੱਕੇ ਦੇ ਵਿਰੋਧ ਵਿੱਚ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਸੰਸਥਾਵਾਂ ਤੇ ਕਾਰਕੁੰਨਾਂ ਨੂੰ ਵੀ ਅਵਾਜ਼ ਉਠਾਉਣ ਦੀ ਅਪੀਲ ਕੀਤੀ। ਸ. ਮਸਾਣਾ ਨੇ ਸਮੁੱਚੀਆਂ ਸਿੱਖ ਸੰਸਥਾਵਾਂ ਤੇ ਜਥੇਬੰਦੀਆਂ ਨੂੰ ਇਨ੍ਹਾਂ ਪਰਿਵਾਰਾਂ ਦੀ ਵੱਧ ਤੋਂ ਵੱਧ ਮਦਦ ਕਰਨ ਦੀ ਵੀ ਅਪੀਲ ਕੀਤੀ ਤਾਂ ਜੋ ਇਸ ਦੁੱਖ ਦੇ ਸਮੇਂ ਵਿੱਚ ਇਨ੍ਹਾਂ ਨੂੰ ਸਹਾਰਾ ਦਿੱਤਾ ਜਾ ਸਕੇ।

ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਹਰਿਆਣਾ ਦੀ ਭਾਜਪਾ ਸਰਕਾਰ ਦੀ ਇਸ ਸਿੱਖ-ਵਿਰੋਧੀ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸਰਕਾਰ ਦੀ ਇਸ ਕਾਰਵਾਈ ਨਾਲ ਸਿੱਖਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ। ਇਸ ਕਾਰਵਾਈ ਨਾਲ ਭਾਜਪਾ ਦੀ ਸਿੱਖ ਵਿਰੋਧੀ ਨੀਤੀ ਇਕ ਵਾਰ ਫਿਰ ਉਜਾਗਰ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੀ ਪੂਰੀ ਜਿੰਮੇਵਾਰੀ ਹਰਿਆਣਾ ਸਰਕਾਰ ਦੀ ਹੈ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੂੰ ਦੇਖਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਹਰਿਆਣਾ ਅੰਦਰ ਸਿੱਖਾਂ ਨਾਲ ਕਿਵੇਂ ਧੱਕਾ ਕਰ ਰਹੀ ਹੈ। ਭਾਈ ਗਰੇਵਾਲ ਨੇ ਉਨ੍ਹਾਂ ਸਿੱਖ ਆਗੂਆਂ ਨੂੰ ਵੀ ਸਵਾਲ ਕੀਤੇ ਜਿਹੜੇ ਆਪਣੇ ਆਪ ਨੂੰ ਭਾਜਪਾ ਦੇ ਹਮਾਇਤੀ ਅਖਵਾਉਂਦੇ ਹਨ ਅਤੇ ਪੁੱਛਿਆ ਕਿ ਉਹ ਹੁਣ ਦੱਸਣ ਕਿ ਭਾਜਪਾ ਸਰਕਾਰ ਦੇ ਰਾਜ ਅੰਦਰ ਸਿੱਖਾਂ ਦੇ ਘਰ ਕਿਉਂ ਢਾਹੇ ਜਾ ਰਹੇ ਹਨ। ਉਨ੍ਹਾਂ ਇਸ ਮਾਮਲੇ ਵਿੱਚ ਹਰਿਆਣਾ ਸਰਕਾਰ ਵੱਲੋਂ ਨਾਮਜ਼ਦ ਗੁਰਦੁਆਰਾ ਕਮੇਟੀ ਜੋ ਕਿ ਘਟਨਾ ਵਾਲੀ ਥਾਂ ਤੋਂ ਕੁਝ ਦੂਰੀ ਉੱਤੇ ਹੀ ਕੁਰੂਕਸ਼ੇਤਰ ਵਿੱਚ ਕਾਰਜਸ਼ੀਲ ਹੈ, ਦੇ ਨੁਮਾਇੰਦਿਆਂ ਦੀ ਵੀ ਕਰੜੀ ਨਿੰਦਾ ਕੀਤੀ ਅਤੇ ਕਿਹਾ ਕਿ ਉਹ ਕਈ ਦਿਨ ਬੀਤ ਜਾਣ ਤੋਂ ਬਾਅਦ ਵੀ ਅਮੁਪੁਰ ਵਿਖੇ ਪੀੜਤ ਸਿੱਖ ਪਰਿਵਾਰਾਂ ਨੂੰ ਮਿਲਣ ਨਹੀਂ ਪਹੁੰਚੇ।

ਪੀੜਤ ਸਿੱਖ ਪਰਿਵਾਰਾਂ ਵਿੱਚੋਂ ਸ. ਬੂਟਾ ਸਿੰਘ ਨੇ ਜਾਣਕਾਰੀ ਸਾਂਝੀ ਕੀਤੀ ਕਿ ਉਹ ਚਾਰ ਭਰਾ ਹਨ ਤੇ ਉਨ੍ਹਾਂ ਦਾ ਪਰਿਵਾਰ ਦੇਸ਼ ਵੰਡ ਉਪਰੰਤ ਲਹਿੰਦੇ ਪੰਜਾਬ ਤੋਂ ਉੱਜੜ ਕੇ ਅਮੁਪੁਰ ਪਿੰਡ ਦੀ ਇਸ ਥਾਂ ਉੱਤੇ ਪਿਛਲੇ 70 ਸਾਲਾਂ ਤੋਂ ਵੱਸਿਆ ਹੋਇਆ ਹੈ, ਪਰ ਅਚਾਨਕ 26 ਜੂਨ 2024 ਨੂੰ ਸਰਕਾਰ ਦੇ ਅਧਿਕਾਰੀਆਂ ਨੇ ਪੁਲਿਸ ਬਲ ਦੇ ਸਹਿਯੋਗ ਨਾਲ ਉਨ੍ਹਾਂ ਵਿਰੁੱਧ ਧੱਕਾ ਕਰਦਿਆਂ ਚਾਰੇ ਪਰਿਵਾਰਾਂ ਦੇ ਘਰ ਢਹਿ-ਢੇਰੀ ਕਰ ਦਿੱਤੇ।

ਇਸ ਮੌਕੇ ਹਰਿਆਣਾ ਸਿੱਖ ਮਿਸ਼ਨ ਦੇ ਇੰਚਾਰਜ ਸੁਖਵਿੰਦਰ ਸਿੰਘ, ਗੁਰਮਤਿ ਸੰਗੀਤ ਅਕੈਡਮੀ ਸੇਖੁਪੁਰਾ ਕਰਨਾਲ ਦੇ ਇੰਚਾਰਜ ਪ੍ਰਤਾਪ ਸਿੰਘ, ਸੁਰਿੰਦਰ ਸਿੰਘ ਰਾਮਗੜ੍ਹੀਆ ਆਦਿ ਮੌਜੂਦ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਨੇ 'ਕੈਨੇਡਾ ਡੇਅ' ਡਾਇਬਟੀਜ਼ ਸਬੰਧੀ ਸੈਮੀਨਾਰ ਕਰਵਾ ਕੇ ਮਨਾਇਆ

## ਐੱਮ.ਪੀਜ਼. ਸੋਨੀਆ ਸਿੱਧੂ, ਰੂਬੀ ਸਹੋਤਾ, ਸ਼ਫ਼ਕਤ ਅਲੀ, ਮਨਿੰਦਰ ਸਿੱਧੂ ਤੇ ਕਈ ਹੋਰਨਾਂ ਨੇ ਕੀਤੀ ਸ਼ਿਰਕਤ









ਬਰੈਂਪਟਨ, (ਡਾ. ਝੰਡ) - ਲੰਘੇ ਸ਼ਨੀਵਾਰ 6 ਜੁਲਾਈ ਨੂੰ ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਨੇ ਬਰੈਂਪਟਨ ਦੇ ਪਾਲ ਪਲੈਸ਼ੀ ਰੀਕਰੀਏਸ਼ਨ ਸੈਂਟਰ ਵਿਚ ਕੈਨੇਡਾ-ਡੇਅ ਮਨਾਇਆ। ਕਲੱਬ ਵੱਲੋਂ ਇਸ ਦੀ "ਹੈੱਲਥ ਸੀਰੀਜ਼" ਦੇ ਅਗਲੇ ਭਾਗ ਵਜੋਂਡਾਇਬਟੀਜ਼ ਨਾਲ ਸਬੰਧਿਤ ਸ਼ਾਨਦਾਰ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਮੁੱਖ-ਬੁਲਾਰੇ ਵਜੋਂ ਸਰਟੀਫਾਈਡ ਡਾਇਬਟੀਜ਼ ਕਨਸਲਟੈਂਟ ਨੇਹਾ ਕੌਸ਼ਲ ਵੱਲੋਂ ਡਾਇਬਟੀਜ਼ ਦੇ ਕਾਰਨਾਂ ਅਤੇ ਇਸ ਦੇ ਨਾਲ ਜੁੜੀਆਂ ਧਾਰਨਾਵਾਂ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ। ਡਾਇਬਟੀਜ਼ ਤੋਂ ਬਚਾਅ ਲਈ ਉਨ੍ਹਾਂ ਵੱਲੋਂ ਮਨੁੱਖੀ ਸਰੀਰ ਵਿਚ ਸ਼ੂਗਰ ਦੀ ਮਾਤਰਾ ਵਧਾਉਣ ਵਾਲੇ ਪਦਾਰਥਾਂ ਦੀ ਵਰਤੋਂ ਘੱਟ ਕਰਨ ਅਤੇ ਸਰੀਰਕ ਵਰਜਿਸ਼ ਉੱਪਰ ਜ਼ੋਰ ਦਿੱਤਾ ਗਿਆ। ਸਮਾਗ਼ਮ ਵਿਚ ਐੱਮ.ਪੀਜ਼ ਸੋਨੀਆ ਸਿੱਧੂ, ਰੂਬੀ ਸਹੋਤਾ, ਸ਼ਫ਼ਕਤ ਅਲੀ, ਮਨਿੰਦਰ ਸਿੱਧੂ, ਰੀਜਨਲ ਕੌਂਸਲਰ ਪਾਲ ਵਿਸੈਂਟ ਤੇ ਕਈ ਹੋਰ ਸਮਾਜਿਕ ਸ਼ਖ਼ਸੀਅਤਾਂ ਸਮੇਤ ਕਲੱਬ ਦੇ 100 ਤੋਂ ਵਧੇਰੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

ਪ੍ਰੋਗਰਾਮ ਦੀ ਸ਼ੁਰੂਆਤ ਕੈਨੇਡਾ ਦੇ ਰਾਸ਼ਟਰੀ-ਗੀਤ 'ਓ ਕੈਨੇਡਾ' ਦੇ ਗਾਇਨ ਨਾਲ ਕੀਤੀ ਗਈ ਅਤੇ ਸੈਮੀਨਾਰ ਦਾ ਉਦਘਾਟਨ ਬਰੈਂਪਟਨ ਸਾਊਥ ਦੀ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਵੱਲੋਂ ਕੀਤਾ ਗਿਆ ਜੋ ਕਿ ਦੇਸ਼-ਭਰ ਵਿਚ ਡਾਇਬਟੀਜ਼ ਦੀ ਰੋਕਥਾਮ ਬਾਰੇ ਜ਼ੋਰਦਾਰ ਮੁਹਿੰਮ ਚਲਾ ਰਹੇ ਹਨ। ਆਪਣੇ ਸੰਬੋਧਨ ਵਿਚ ਉਨ੍ਹਾਂ ਹਾਜ਼ਰੀਨ ਨੂੰ ਡਾਇਬਟੀਜ਼ ਨੂੰ ਕੈਨੇਡਾ ਵਿੱਚੋਂ ਖ਼ਤਮ ਕਰਨ ਦਾ ਸੱਦਾ ਦਿੱਤਾ। ਸਮਾਗ਼ਮ ਦੇ ਚੀਫ਼-ਗੈੱਸਟ ਬਰੈਂਪਟਨ ਸੈਂਟਰ ਦੇ ਐੱਮ.ਪੀ. ਸ਼ਫ਼ਕਤ ਅਲੀ ਨੇ ਕਲੱਬ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹ-ਨਾ ਕਰਦਿਆਂ ਕਿਹਾ, "ਸਾਡੇ ਜੀਵਨ ਵਿਚ ਸਰੀਰਕ ਤੰਦਰੁਸਤੀ ਸੱਭ ਤੋਂ ਅਹਿਮ ਹੈ ਅਤੇ ਸਾਡੀਆਂ ਕਮਿਊਨਿਟੀਆਂ ਨੂੰ ਡਾਇਬਟੀਜ਼ ਬਾਰੇ ਜਾਗਰੂਕ ਹੋਣਾ ਬੜਾ ਜ਼ਰੂਰੀ ਹੈ।"

ਬਰੈਂਪਟਨ ਨਾਰਥ ਦੀ ਐੱਮ.ਪੀ. ਰੂਬੀ ਸਹੋਤਾ, ਬਰੈਂਪਟਨ ਈਸਟ ਦੇ ਐੱਮ.ਪੀ.ਮਨਿੰਦਰ ਸਿੱਧੂ ਅਤੇ ਰੀਜਨਲ ਕੌਂਸਲਰ ਰਵੀਨਾ ਸੈਂਟੋਸ ਨੇ ਵੀ ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕੀਤਾ।ਬਰੈਂਪਟਨ ਦੇ ਮੇਅਰ ਪੈਟਰਿਕ ਬਰਾਊਨ ਵੱਲੋਂ ਆਇਆ ਹੋਇਆ ਸੰਦੇਸ਼ ਸਮਾਗਮ ਵਿਚ ਪੜ੍ਹ ਕੇ ਸੁਣ-ਾਇਆ ਗਿਆ ਜਿਸ ਵਿਚ ਉਨ੍ਹਾਂ ਨੇ ਕਿਹਾ, "ਐੱਫ਼.ਸੀ.ਐੱਫ਼.ਸੀ. ਸਿਹਤ ਸਬੰਧੀ ਜਾਗਰੂਕਤਾ ਪੈਦਾ ਕਰਨ ਅਤੇ ਕੌਮੀ ਪੱਧਰ ਤੇ ਵਿਭਿੰਨਿਤਾ ਵਿਚ ਏਕਤਾ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ। ਮੈਂ ਇਸ ਦੀ ਭਰਪੂਰ ਸ਼ਲਾਘਾ ਕਰਦਾ ਹਾਂ ਅਤੇ ਕਲੱਬ ਵੱਲੋਂਇਸ ਸਬੰਧੀ ਅੱਗੋਂ ਹੋਰ ਵਧੇਰੇ ਕੰਮ ਕਰਨ ਦੀ ਆਸ ਰੱਖਦਾ ਹਾਂ।" ਸਮਾਗਮ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਜਿਸ ਵਿਚ ਗੀਤਾਂ, ਲੋਕ-ਗੀਤਾਂ, ਗਿੱਧਾ ਤੇ ਭੰਗੜਾ ਦੀਆਂ ਆਈਟਮਾਂ ਨੇ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ।




ਸਮਾਗ਼ਮ ਦੇ ਅਖੀਰ ਵਿਚ ਕਲੱਬ ਦੇ ਚੇਅਰਪਰਸਨ ਗਿਆਨ ਪਾਲ ਵੱਲੋਂ ਆਏ ਮਹਿਮਾਨਾਂ ਤੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਆਪਣੇ ਸੰਬੋਧਨ ਵਿਚ ਉਨ੍ਹਾਂ 'ਕੈਨੇਡਾ-ਡੇਅ' ਨਾਲ ਜੁੜੇ ਕੈਨੇਡਾ ਦੇ ਗੌਰਵਮਈ ਇਤਿਹਾਸ ਅਤੇ ਸਿਹਤ ਸੰਭਾਲ ਦੀ ਅਹਿਮੀਅਤ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਦੇ ਨਾਲ ਹੀ ਉਨ੍ਹਾਂ ਮੈਂਬਰਾਂ ਨੂੰ ਕਲੱਬ ਦੇ ਆਉਣ ਵਾਲੇ ਸਮਾਗ਼ਮਾਂ ਬਾਰੇ ਵੀ ਜਾਣੂੰ ਕਰਵਾਇਆ।

# ਪੰਜਾਬ ਵਿੱਚ ਮੱਛੀ ਪਾਲਣ ਅਧੀਨ ਰਕਬੇ ਵਿੱਚ 1942 ਏਕੜ ਦਾ ਵਾਧਾ : ਗੁਰਮੀਤ ਸਿੰਘ ਖੁੱਡੀਆਂ

ਚੰਡੀਗੜ੍ਹ, 9 ਜੁਲਾਈ (ਗਿਆਨ ਸਿੰਘ): ਸੂਬੇ ਵਿੱਚ ਨੀਲੀ ਕ੍ਰਾਂਤੀ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿੱਤੀ ਵਰ੍ਹੇ 2023-24 ਦੌਰਾਨ ਮੱਛੀ ਪਾਲਣ ਅਧੀਨ 1942 ਏਕੜ ਰਕਬਾ ਵਧਾਉਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇੱਕ ਸਾਲ ਵਿੱਚ ਇਹ ਰਕਬਾ 42,031 ਏਕੜ ਤੋਂ ਵੱਧ ਕੇ 43,973 ਏਕੜ ਹੋ ਗਿਆ ਹੈ।

ਗੁਰਮੀਤ ਸਿੰਘ ਖੁੱਡੀਆਂ ਨੇ ਕੌਮੀ ਮੱਛੀ ਪਾਲਕ ਦਿਵਸ ਮੌਕੇ ਸੂਬੇ ਦੇ ਸਾਰੇ ਮੱਛੀ ਅਤੇ ਝੀਂਗਾ ਪਾਲਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਹੋਰਨਾਂ ਕਿਸਾਨਾਂ ਨੂੰ ਵੀ ਮੱਛੀ ਪਾਲਣ ਦਾ ਧੰਦਾ ਅਪਣਾਉਣ ਲਈ ਪ੍ਰੇਰਿਤ ਕੀਤਾ ਕਿਉਂਕਿ ਪੰਜਾਬ ਸਰਕਾਰ ਮੱਛੀ ਪਾਲਣ ਨੂੰ ਖੇਤੀ ਦੇ ਸਹਾਇਕ ਕਿੱਤੇ ਵਜੋਂ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ 16 ਸਰਕਾਰੀ ਮੱਛੀ ਪੂੰਗ ਫਾਰਮਾਂ ਤੋਂ ਮੱਛੀ ਪਾਲਕਾਂ ਨੂੰ ਕਿਫ਼ਾਇਤੀ ਦਰਾਂ 'ਤੇ ਮਿਆਰੀ ਮੱਛੀ ਪੂੰਗ ਮੁਹੱਈਆ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਝੀਂਗਾ ਪਾਲਕਾਂ ਦੀ ਸਹੂਲਤ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਈਨਾ ਖੇੜਾ ਵਿਖੇ ਸਥਿਤ ਡੈਮੋਨਸਟ੍ਰੇਸ਼ਨ ਫਾਰਮ-ਕਮ-ਟਰੇਨਿੰਗ ਸੈਂਟਰ ਵਿਖੇ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਖਾਰੇ ਪਾਣੀ ਨਾਲ ਪ੍ਰਭਾਵਿਤ ਦੱਖਣ-ਪੱਛਮੀ ਜ਼ਿਲ੍ਹਿਆਂ ਵਿੱਚ ਝੀਂਗਾ ਦੀ ਖੇਤੀ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ 1315 ਏਕੜ ਤੋਂ ਵੱਧ ਰਕਬੇ ਵਿੱਚ ਕਿਸਾਨ ਝੀਂਗਾ ਦੀ ਖੇਤੀ ਕਰ ਰਹੇ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮੱਛੀ ਅਤੇ ਝੀਂਗਾ ਦੇ ਤਾਲਾਬਾਂ, ਮੱਛੀ ਟਰਾਂਸਪੋਰਟ ਵਾਹਨਾਂ ਦੀ ਖਰੀਦ, ਮੱਛੀ ਕਿਓਸਕ/ਦੁਕਾਨਾਂ, ਕੋਲਡ ਸਟੋਰੇਜ ਪਲਾਂਟ, ਮੱਛੀ ਫੀਡ ਮਿੱਲਾਂ ਅਤੇ ਸਜਾਵਟੀ ਮੱਛੀ ਸਬੰਧੀ ਯੂਨਿਟਾਂ ਵਰਗੇ ਵੱਖ-ਵੱਖ ਪ੍ਰਾਜੈਕਟਾਂ ਨੂੰ ਅਪਣਾਉਣ ਲਈ 40 ਫ਼ੀਸਦੀ ਤੋਂ 60 ਫ਼ੀਸਦੀ ਤੱਕ ਸਬਸਿਡੀ ਦਿੱਤੀ ਜਾ ਰਹੀ ਹੈ। ਪੰਜਾਬ ਸਰਕਾਰ ਨੇ ਲਗਭਗ 25 ਕਰੋੜ ਰੁਪਏ ਦੀ ਸਬਸਿਡੀ ਦੇ ਕੇ 450 ਲਾਭਪਾਤਰੀਆਂ ਨੂੰ ਸਵੈ-ਰੁਜ਼ਗਾਰ ਮੁਹੱਈਆ ਕਰਵਾਇਆ ਹੈ।

ਜ਼ਿਕਰਯੋਗ ਹੈ ਕਿ ਕੌਮੀ ਮੱਛੀ ਪਾਲਕ ਦਿਵਸ ਪ੍ਰਸਿੱਧ ਵਿਗਿਆਨੀ ਪ੍ਰੋ. ਡਾ. ਹੀਰਾਲਾਲ ਚੌਧਰੀ ਅਤੇ ਡਾ. ਕੇ.ਐਚ. ਅਲੀਕੁਨਹੀ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਉਨ੍ਹਾਂ ਨੇ 10 ਜੁਲਾਈ, 1957 ਨੂੰ ਭਾਰਤ ਵਿੱਚ ਪਹਿਲੀ ਵਾਰ ਕਾਰਪ ਮੱਛੀਆਂ ਦੇ ਪ੍ਰਜਨਨ ਰਾਹੀਂ ਭਾਰਤੀ ਮੱਛੀ ਪਾਲਣ ਦੇ ਖੇਤਰ ਵਿੱਚ ਕ੍ਰਾਂਤੀ ਲਿਆਂਦੀ ਸੀ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸੇਵਾ ਖੇਤਰ ਵਿੱਚ ਜੀ.ਐੱਸ.ਟੀ.ਦੀ ਪਾਲਣਾ ਨੂੰ ਵਧਾਉਣ 'ਤੇ ਜ਼ੋਰ



ਚੰਡੀਗੜ੍ਹ, 9 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਅਤੇ ਕਰ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਅਧਿਕਾਰੀਆਂ ਨੂੰ ਸੇਵਾ ਖੇਤਰ ਵਿੱਚ ਜੀ.ਐਸ.ਟੀ ਦੀ ਪਾਲਣਾ ਨੂੰ ਬਿਹਤਰ ਬਣਾਉਣ ਲਈ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ।

ਵਿੱਤ ਮੰਤਰੀ ਚੀਮਾ ਨੇ ਕਰ ਚੋਰੀ ਨੂੰ ਘੱਟ ਕਰਨ ਅਤੇ ਵੱਧ ਤੋਂ ਵੱਧ ਮਾਲੀਆ ਇਕੱਠਾ ਕਰਨ ਲਈ ਮਜ਼ਬੂਤ ਨਿਗਰਾਨੀ ਅਤੇ ਲਾਗੂਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਰਪਾਲਣਾ ਦੇ ਵਾਧੇ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਨਿਯਮਤ ਆਡਿਟ, ਜਾਂਚ ਅਤੇ ਆਊਟਰੀਚ ਪ੍ਰੋਗਰਾਮ ਆਦਿ ਕਰਨ ਲਈ ਕਿਹਾ। ਮੀਟਿੰਗ ਦੌਰਾਨ ਕਰ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ, ਮਾਲੀਆ ਗਤੀਸ਼ੀਲਤਾ ਨੂੰ ਵਧਾਉਣ ਅਤੇ ਸੇਵਾ ਖੇਤਰ ਦੇ ਹਿੱਸੇਦਾਰਾਂ ਵਿਚਕਾਰ ਕਰ ਪਾਲਣਾ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਤੇ ਜ਼ੋਰ ਦਿੱਤਾ ਗਿਆ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੇਵਾ ਖੇਤਰ ਵਿੱਚ ਜੀ.ਐਸ.ਟੀ ਦੀ ਪਾਲਣਾ 'ਤੇ ਧਿਆਨ ਕੇਂਦ੍ਰਤ ਕਰਕੇ ਕਰ ਮਾਲੀਏ ਵਿੱਚ ਵਾਧੇ ਨਾਲ ਸੂਬੇ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦਿੰਦਿਆਂ ਇਸ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨਾ ਚਾਹੁੰਦੀ ਹੈ।

ਆਬਕਾਰੀ ਵਿਭਾਗ ਦੀ ਸਮੀਖਿਆ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਅਧਿਕਾਰੀਆਂ ਨੂੰ ਵਿੱਤੀ ਸਾਲ 2016-17 ਤੋਂ ਪਏ ਬਕਾਏ ਦੀ ਵਸੂਲੀ ਲਈ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਲੰਬੇ ਸਮੇਂ ਤੋਂ ਬਕਾਇਆ ਇਨ੍ਹਾਂ ਅਦਾਇਗੀਆਂ ਨੂੰ ਸੂਬੇ ਦੇ ਮਾਲੀਏ ਵਿੱਚ ਤਬਦੀਲ ਕੀਤਾ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਬਕਾਇਆ ਵਸੂਲੀ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨ ਅਤੇ ਤੁਰੰਤ ਵਸੂਲੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕਾਨੂੰਨੀ ਤਰੀਕੇ ਨੂੰ ਵੀ ਅਪਣਾਉਣ। ਇਸ ਵਿਆਪਕ ਸਮੀਖਿਆ ਮੀਟਿੰਗ ਵਿੱਚ ਆਬਕਾਰੀ ਮਾਲੀਆ ਵਧਾਉਣ ਲਈ ਉਪਰਾਲੇ ਕਰਨ ਦੇ ਨਾਲ-ਨਾਲ ਆਬਕਾਰੀ ਮਾਲੀਏ ਦੀ ਚੋਰੀ ਅਤੇ ਸ਼ਰਾਬ ਤਸਕਰੀ ਨੂੰ ਰੋਕਣ ਲਈ ਸਖ਼ਤ ਉਪਰਾਲੇ ਕਰਨ ਸਮੇਤ ਕਈ ਮੁੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ ਕਮ ਵਿੱਤ ਕਮਿਸ਼ਨਰ (ਕਰ) ਵਿਕਾਸ ਪ੍ਰਤਾਪ ਸਿੰਘ, ਆਬਕਾਰੀ ਤੇ ਕਰ ਕਮਿਸ਼ਨਰ ਵਰੁਣ ਰੂਜ਼ਮ ਅਤੇ ਵਧੀਕ ਕਮਿਸ਼ਨਰ ਕਰ ਗੌਰੀ ਪਰਾਸ਼ਰ ਜੋਸ਼ੀ ਹਾਜ਼ਰ ਸਨ।

# ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ : ਐਡਵੋਕੇਟ ਧਾਮੀ



**ਰਾਜਸਥਾਨ ਦੇ ਸਿੱਖ ਆਗੂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਵਿਰੁੱਧ ਦਰਜ ਕੀਤੇ ਦੇਸ਼ ਧ੍ਰੋਹ ਦੇ ਪਰਚੇ ਦੀ ਕੀਤੀ ਨਿੰਦਾ**

ਅੰਮ੍ਰਿਤਸਰ, 9 ਜੁਲਾਈ (ਗਿਆਨ ਸਿੰਘ): ਰਾਜਸਥਾਨ ਦੇ ਸਿੱਖ ਆਗੂ ਅਤੇ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸਰਗਰਮ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨੂੰ ਨਵੇਂ ਕਾਨੂੰਨਾਂ ਤਹਿਤ ਨਿਸ਼ਾਨੇ 'ਤੇ ਲੈ ਕੇ ਉਨ੍ਹਾਂ ਵਿਰੁੱਧ ਦੇਸ਼ ਧ੍ਰੋਹ ਦਾ ਪਰਚਾ ਦਰਜ ਕਰਨਾ ਦੇਸ਼ ਅੰਦਰ ਸਿੱਖਾਂ ਵਿਰੁੱਧ ਚੱਲੀਆਂ ਜਾ ਰਹੀਆਂ ਸਰਕਾਰੀ ਚਾਲਾਂ ਦੀ ਤਸਵੀਰ ਹੈ, ਜਿਸ ਦੀ ਸ਼੍ਰੋਮਣੀ ਕਮੇਟੀ ਕਰੜੀ ਨਿੰਦਾ ਕਰਦੀ ਹੈ। ਇਨ੍ਹਾ ਸ਼ਬਦਾਂ ਦਾ ਪ੍ਰਗਟਾਇਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਹਰ ਲੋੜੀਂਦੀ ਮਦਦ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਭਾਰਤ ਬਹੁ-ਕੌਮੀ, ਬਹੁ-ਧਰਮੀ ਅਤੇ ਬਹੁ-ਸਭਿਅਕ ਦੇਸ਼ ਹੈ ਅਤੇ ਇੱਥੇ ਕਾਨੂੰਨ ਵੀ ਸਭ ਲਈ ਇਕਸਾਰ ਹੋਣੇ ਚਾਹੀਦੇ ਹਨ। ਘੱਟਗਿਣਤੀਆਂ ਅਤੇ ਖਾਸਕਰ ਸਿੱਖਾਂ ਨੂੰ ਦਬਾਉਣ ਦੀ ਸਰਕਾਰੀ ਪ੍ਰਵਿਰਤੀ ਦੇਸ਼ ਹਿਤ ਵਿੱਚ ਨਹੀਂ ਹੈ। ਉਨ੍ਹਾ ਕਿਹਾ ਕਿ ਜੇਕਰ ਬੋਲਣ ਦੀ ਅਜ਼ਾਦੀ ਲਈ ਮਾਪਦੰਡ ਵੱਖੋ-ਵੱਖਰੇ ਰੱਖਣੇ ਹਨ ਤਾਂ ਇਹ ਸਭ ਨੂੰ ਸੰਵਿਧਾਨਿਕ ਤੌਰ 'ਤੇ ਮਿਲੇ ਹੱਕ-ਹਕੂਕ ਕੇਵਲ ਇੱਕ ਕਾਗਜ਼ੀ ਪੁਲੰਦਾ ਹੀ ਕਹੇ ਜਾ ਸਕਦੇ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਨਵੇਂ ਕਾਨੂੰਨ ਕੇਵਲ ਸਿੱਖਾਂ ਨੂੰ ਨਿਸ਼ਾਨਾ ਬਣਾਉਣ ਲਈ ਨਾ ਵਰਤੇ ਸਗੋਂ ਸਿੱਖਾਂ ਵਿਰੁੱਧ ਉੱਠ ਰਹੀਆਂ ਅਵਾਜ਼ਾਂ ਅਤੇ ਸੋਸ਼ਲ ਮੀਡੀਆ ਉੱਤੇ ਕੀਤੇ ਜਾਂਦੇ ਸਿੱਖ ਵਿਰੋਧੀ ਨਫ਼ਰਤੀ ਪ੍ਰਚਾਰ 'ਤੇ ਵੀ ਲਾਗੂ ਕਰੇ। ਉਨ੍ਹਾ ਕਿਹਾ ਕਿ ਸਿੱਖਾਂ ਵਿਰੁੱਧ ਮਿੱਥ ਕੇ ਕੀਤੇ ਜਾਂਦੇ ਵਿਧੀਵਤ ਨਫ਼ਰਤੀ ਪ੍ਰਚਾਰ ਦੀ ਨਿਸ਼ਾਨਦੇਹੀ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕਈ ਸੋਸ਼ਲ ਮੀਡੀਆ ਖਾਤਿਆਂ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਲਿਖਤੀ ਭੇਜੀ ਜਾਣ ਦੇ ਬਾਵਜੂਦ ਵੀ ਕੋਈ ਕਾਰਵਾਈ ਨਹੀਂ ਹੁੰਦੀ, ਪਰੰਤੂ ਸਿੱਖਾਂ ਵਿਰੁੱਧ ਇੱਕ ਆਮ ਸ਼ਿਕਾਇਤ 'ਤੇ ਵੀ ਗੰਭੀਰ ਧਾਰਾਵਾਂ ਦਰਜ ਕਰ ਦਿੱਤੀਆਂ ਜਾਂਦੀਆਂ ਹਨ। ਇਹ ਦੇਸ਼ ਅੰਦਰ ਸਭ ਧਰਮਾਂ, ਵਰਗਾਂ ਲਈ ਇਕਸਾਰ ਸੁਣਵਾਈ ਵਾਲਾ ਮਾਪਦੰਡ ਨਹੀਂ ਹੈ। ਉਨ੍ਹਾ ਕਿਹਾ ਕਿ ਅਸੀਂ ਭਾਈ ਤੇਜਿੰਦਰਪਾਲ ਸਿੰਘ ਟਿੰਮਾ ਦੇ ਨਾਲ ਹਾਂ ਅਤੇ ਕਾਨੂੰਨੀ ਲੜਾਈ ਵਿੱਚ ਸਹਿਯੋਗੀ ਰਹਾਂਗੇ। ਉਨ੍ਹਾਂ ਰਾਜਸਥਾਨ ਦੀ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਨੂੰ ਭਾਈ ਤੇਜਿੰਦਰਪਾਲ ਸਿੰਘ ਖ਼ਿਲਾਫ਼ ਦਰਜ ਕੀਤੇ ਗਏ ਪਰਚੇ ਨੂੰ ਤੁਰੰਤ ਰੱਦ ਕਰਨ ਲਈ ਵੀ ਆਖਿਆ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY



WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.



| Debt Consolidation | Renovations & Repairs | Avoiding High penalities |
|---|---|---|

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON

visit: www.teamjagaujla.com



GUARANTEED TILL SOLD

# JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

## RECENTLY LISTED IN YOUR NEIGHBOURHOOD

### Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੋਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਈਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

### James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

### Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

### Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call JAG AUJLA Dir 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN International CIRCUS™
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA